**Office of the Deputy Commissioner-cum-District Magistrate, Faridkot.**

**ਦਫਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ**

(ਫੁਟਕਲ ਸ਼ਾਖਾ)

ਹੁਕਮ ਨੰ: 356 /ਫਸ

ਕਰੋਨਾ ਵਾਇਰਸ ਦੇ ਫੈਲਣ ਤੋਂ ਬਚਾਅ ਸਬੰਧੀ ਇਸ ਦਫ਼ਤਰ ਦੇ ਹੁਕਮ ਨੰ: 212/ਫਸ ਮਿਤੀ 23.03.2020, ਜੋ ਕਿ ਪਿ:ਅੰ:ਨੰ: 1587/ਐਮ.ਏ. ਮਿਤੀ: 23/3/2020 ਰਾਹੀਂ ਜ਼ਿਲ੍ਹਾ ਫਰੀਦਕੋਟ ਵਿੱਚ ਮਿਤੀ: 23/3/2020 ਬਾਅਦ ਦੁਪਹਿਰ 02:00 ਵਜੇ ਤੋਂ ਅਗਲੇ ਹੁਕਮਾਂ ਤੱਕ ਕਰਫਿਊ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।

ਚੀਫ ਮੈਨੇਜਰ, ਪਾਵਰ ਗਰਿੱਡ ਕਾਰਪੋਰੇਸ਼ਨ ਆਫ ਇੰਡੀਆ ਲਿਮਟਡ, ਬਠਿੰਡਾ ਵੱਲੋਂ ਪੱਤਰ ਨੰ: N2BTI/BMTL/2020/WFH-4 ਮਿਤੀ: 15/4/2020 ਰਾਹੀਂ ਲਿਖਿਆ ਗਿਆ ਹੈ ਕਿ ਪਾਵਰ ਗਰਿੱਡ ਕਾਰਪੋਰੇਸ਼ਨ ਵੱਲੋਂ 765 KV D/C ਬੀਕਾਨੇਰ-ਮੋਗਾ ਟਰਾਂਸਮਿਸ਼ਨ ਲਾਈਨ ਜੋ ਕਿ ਫਰੀਦਕੋਟ, ਮੋਗਾ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚੋਂ ਹੋ ਕੇ ਲੰਘਦੀ ਹੈ। ਇਸ ਲਾਈਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਪ੍ਰੰਤੂ ਲਾਈਨ ਦੀ ਮੁਰੰਮਤ ਦਾ ਕੁਝ ਕੰਮ ਅਜੇ ਵੀ ਲੰਬਿਤ ਹੈ ਜੋ ਨੋਵਲ ਕਰੋਨਾ ਵਾਇਰਸ ਦੇ ਫੈਲਣ ਕਾਰਣ ਪੂਰਾ ਨਹੀਂ ਹੋ ਸਕਿਆ ਅਤੇ ਕੰਮ ਨਾਲ ਸਬੰਧਤ ਲੇਬਰ ਵੀ ਕਰਫਿਊ ਕਾਰਨ ਪਿੰਡ ਦੋਦਾ ਵਿਖੇ ਫਸੀ ਹੋਈ ਹੈ। ਵਿਚਾਰ ਅਧੀਨ ਪੱਤਰ ਵਿੱਚ ਪਾਵਰ ਗਰਿੱਡ ਲਾਈਨ ਦਾ ਕੰਮ ਮੁਕੰਮਲ ਕਰਨ ਲਈ ਪ੍ਰਵਾਨਗੀ ਦੇਣ ਦੀ ਬੇਨਤੀ ਕੀਤੀ ਗਈ ਹੈ।

ਚੀਫ ਮੈਨੇਜਰ, ਪਾਵਰ ਗਰਿੱਡ ਕਾਰਪੋਰੇਸ਼ਨ, ਬਠਿੰਡਾ ਵੱਲੋਂ ਪ੍ਰਾਪਤ ਪੱਤਰ ਦੇ ਆਧਾਰ ਤੇ ਕਰਫਿਊ ਦੌਰਾਨ ਹੇਠ ਲਿਖੇ ਟੇਬਲ ਵਿੱਚ ਦਰਜ ਪਿੰਡਾਂ ਵਿਖੇ ਟਰਾਂਸਮਿਸ਼ਨ ਲਾਈਨ ਦੀ ਰਿਪੇਅਰ ਕਰਨ ਲਈ ਦਰਸਾਈ ਗਈ ਲੇਬਰ ਨੂੰ ਕੰਮ ਕਰਨ ਦੀ ਆਗਿਆ ਦਿੱਤੀ ਜਾਂਦੀ ਹੈ:

| S.N. | Districts in Punjab | Nearby Villages construction/rectification work is to be carried out | Tentative (max) Labours to be engaged |
|---|---|---|---|
| 1 | Faridkot | Kotkapura, Dhilwan Kalan, Kothe Govindsar, Ramsar, Chakbhag Singh, Sarawan, Kothemal Singh, Romana Albel Singh, Matta, Dhaipai, Harinau, Rodikapura, Kassambhati, Surghuri, Khacharan, Madak. | 42 |

ਉਕਤ ਲਾਈਨ ਦੀ ਰਿਪੇਅਰ ਕਰਦੇ ਸਮੇਂ ਅਤੇ ਲੇਬਰ ਨੂੰ ਇੱਕ ਸਥਾਨ ਤੋਂ ਦੂਜੇ ਸਥਾਨ ਤੇ ਲੈ ਕੇ ਜਾਂਦੇ ਸਮੇਂ ਠੇਕੇਦਾਰ/ਲੇਬਰ ਕਰਮੀ ਭਾਰਤ ਸਰਕਾਰ/ਪੰਜਾਬ ਸਰਕਾਰ ਵੱਲੋਂ ਜਾਰੀ ਗਾਈਡਲਾਈਨਜ ਨੰ:40-3/2020/ਡੀ.ਐਮ-1(ਏ)/ਮਿਤੀ:15.04.2020 ਅਤੇ ਇਸ ਦਫਤਰ ਵਲੋਂ ਕੋਵਿਡ-19 ਸਬੰਧੀ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ ਅਤੇ ਸਮਾਜਿਕ ਦੂਰੀ ਬਣਾਈ ਰੱਖਣਗੇ। ਲੇਬਰ ਦੇ ਖਾਣੇ, ਰਹਿਣ ਅਤੇ ਉਹਨਾਂ ਦੀ ਨਿੱਜੀ ਸਵੱਛਤਾ ਦਾ ਠੇਕੇਦਾਰ ਵੱਲੋਂ ਕੋਵਿਡ-19 ਦੌਰਾਨ ਪ੍ਰਬੰਧ ਕੀਤਾ ਜਾਵੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਸਮੂਹ ਆਮ ਲੋਕਾਂ ਨੂੰ ਸੰਬੋਧਨ ਕੀਤਾ ਜਾਂਦਾ ਹੈ। ਇਹ ਹੁਕਮ ਜ਼ਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫਸਰਾਂ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਦੇ ਦਫਤਰ ਦੇ ਨੋਟਿਸ ਬੋਰਡ ਤੇ ਚਸਪਾ ਕਰਕੇ ਅਤੇ ਲੋਕ ਸੰਪਰਕ ਵਿਭਾਗ, ਫਰੀਦਕੋਟ ਪ੍ਰੈਸ ਮਾਧਿਅਮ ਰਾਹੀਂ ਪ੍ਰਚਾਰ ਕਰਕੇ ਲਾਗੂ ਕੀਤਾ ਜਾਵੇਗਾ ਅਤੇ ਸਮੂਹ ਧਾਰਮਿਕ ਸਥਾਨਾਂ ਵੱਲੋ ਵੀ ਲਾਊਡ ਸਪੀਕਰਾਂ ਰਾਹੀਂ ਲੋਕਾਂ ਨੂੰ ਸੂਚਿਤ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 20/04/2020 ਨੂੰ ਜਾਰੀ ਕੀਤਾ ਗਿਆ।

ਕੁਮਾਰ ਸੌਰਭ ਰਾਜ, ਆਈ.ਏ.ਐਸ,
ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ।

Scanned with CamScanner

ਪਿੱਠ ਅੰਕਣ ਨੰਬਰ: 2190 /ਐਮ.ਏ. ਮਿਤੀ 20.04.2020

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਪਾਸ :

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ।
4. ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
5. ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।
6. ਜ਼ਿਲ੍ਹਾ ਮੈਜਿਸਟਰੇਟ ਸਮੂਹ ਪੰਜਾਬ ਰਾਜ
7. ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ।
8. ਵਧੀਕ ਡਿਪਟੀ ਕਮਿਸ਼ਨਰ, ਫਰੀਦਕੋਟ।
9. ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਫਰੀਦਕੋਟ
10. ਸਿਵਲ ਸਰਜਨ, ਫਰੀਦਕੋਟ।
11. ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ, ਫਰੀਦਕੋਟ/ਕੋਟਕਪੂਰਾ।
12 ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ।
13. ਉਪ ਮੰਡਲ ਮੈਜਿਸਟਰੇਟ, ਫਰੀਦਕੋਟ/ਕੋਟਕਪੂਰਾ/ਜੈਤੋ।
14. ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ।
15. ਤਹਿਸੀਲਦਾਰ ਫਰੀਦਕੋਟ/ਕੋਟਕਪੂਰਾ/ਜੈਤੋ।
16. ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਫਰੀਦਕੋਟ
17. ਚੀਫ ਮੈਨੇਜਰ, ਪਾਵਰ ਗਰਿੱਡ ਕਾਰਪੋਰੇਸ਼ਨ, ਬਠਿੰਡਾ।
18. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਫਰੀਦਕੋਟ/ਕੋਟਕਪੂਰਾ/ਜੈਤੋ
19. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ/ਕੋਟਕਪੂਰਾ/ਜੈਤੋ।

ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ

Scanned with CamScanner